# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :15 -07-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ 17 ਜੁਲਾਈ ਨੂੰ ਜਲੰਧਰ ਵਿੱਚ ਹੋਣ ਵਾਲੇ ਦੌਰੇ ਦੀਆਂ ਤਿਆਰੀਆਂ ਚੱਲ ਰਹੀਆਂ ਨੇ । ਇਸ ਦੌਰੇ ਦੌਰਾਨ ਜਲੰਧਰ ਛਾਉਣੀ ਰੇਲਵੇ ਸਟੇਸ਼ਨ ਦਾ ਉਦਘਾਟਨ ਅਤੇ ਨਾਲ ਹੀ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਤਹਿਤ ਦੇਸ਼ ਭਰ ਵਿਚ 74 ਹੋਰ ਪੁਨਰ ਵਿਕਸਤ ਰੇਲਵੇ ਸਟੇਸ਼ਨਾਂ ਦਾ ਵਰਚੁਅਲ ਮਾਧਿਅਮ ਰਾਹੀਂ ਉਦਘਾਟਨ ਕੀਤਾ ਜਾਵੇਗਾ। ਪ੍ਰਧਾਨ ਮੰਤਰੀ , ਅੰਮ੍ਰਿਤਸਰ ਨੂੰ ਉੱਤਰ ਪ੍ਰਦੇਸ਼ ਦੇ ਵਾਰਾਣਸੀ ਨਾਲ ਜੋੜਨ ਵਾਲੀ, ਸੰਤ ਰਵਿਦਾਸ ਐਕਸਪ੍ਰੈਸ ਨੂੰ ਵੀ ਰਵਾਨਾ ਕਰਨਗੇ । ਜਲੰਧਰ ਪਹੁੰਚਣ ਤੋਂ ਪਹਿਲਾਂ, ਸ਼੍ਰੀ ਮੋਦੀ ਪੰਜਾਬ ਇੰਜੀਨੀਅਰਿੰਗ ਕਾਲਜ, ਚੰਡੀਗੜ੍ਹ ਦਾ ਵੀ ਦੌਰਾ ਕਰਨਗੇ , ਜਿੱਥੇ ਉਨ੍ਹਾਂ ਵਲੋਂ ਵੱਖ-ਵੱਖ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਉਦਘਾਟਨ ਕਰਨ ਦੀ ਸੰਭਾਵਨਾ ਏ ।

---------------------------------------------------------------------

ਭਾਰਤ-ਬਰਤਾਨੀਆ ਮੁਕਤ ਵਪਾਰ ਸਮਝੌਤਾ ਅੱਜ ਤੋਂ ਲਾਗੂ ਹੋ ਗਿਆ ਏ ।ਅੱਜ ਇਸ ਸਮਝੌਤੇ ਤਹਿਤ ਤਿਆਰ ਕੀਤੇ ਕਪੜਿਆਂ ਦੀ ਪਹਿਲੀ ਬਰਾਮਦ ਖੇਪ ਨੂੰ ਅੰਮ੍ਰਿਤਸਰ ਸਥਿਤ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਸਫਲਤਾਪੂਰਵਕ ਰਵਾਨਾ ਕੀਤਾ ਗਿਆ। ਇਹ ਵਿਸ਼ੇਸ਼ ਵਪਾਰਕ ਖੇਪ, ਏਅਰ ਇੰਡੀਆ ਦੀ ਸਿੱਧੀ ਉਡਾਣ ਰਾਹੀਂ ਬਰਮਿੰਘਮ ਲਈ ਰਵਾਨਾ ਕੀਤੀ ਗਈ ਏ । ਇਸ ਮੌਕੇ ਕਈ ਜਨਿਰ ਅਧਿਕਾਰੀ ਮੌਜੂਦ ਰਹੇ। ਉਧਰ ਲੁਧਿਆਣਾ ਤੋ ਵੀ ਅੱਜ ਉਤਪਾਦ ਦੀ ਇੱਕ ਖੇਪ ਰਵਾਨਾ ਕੀਤੀ ਗਈ ।

------------------------------------------------------------------

ਏਧਰ ਪੰਜਾਬ ਵਿਚ ਵੀ ਅੱਜ ਇਸ ਸਮਝੌਤੇ ਤਹਿਤ ਤਿਆਰ ਕੀਤੇ ਕਪੜਿਆਂ ਦੀ ਪਹਿਲੀ ਬਰਾਮਦ ਖੇਪ ਨੂੰ ਅੰਮ੍ਰਿਤਸਰ  ਸਥਿਤ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਸਫਲਤਾਪੂਰਵਕ ਰਵਾਨਾ ਕੀਤਾ ਗਿਆ।ਇਹ ਵਿਸ਼ੇਸ਼ ਵਪਾਰਕ ਖੇਪ, ਏਅਰ ਇੰਡੀਆ ਦੀ ਸਿੱਧੀ ਉਡਾਣ ਰਾਹੀਂ ਬਰ-ਮਿੰਘਮ ਲਈ ਰਵਾਨਾ ਕੀਤੀ ਗਈ ਏ। ਇਸ ਮੌਕੇ ਕਈ ਸੀਨੀਅਰ ਅਧਿਕਾਰੀ ਮੌਜੂਦ ਰਹੇ । ਓਧਰ ਲੁਧਿਆਣਾ ਤੋਂ ਵੀ ਉਤਪਾਦਾਂ ਦੀ ਇਕ ਖੇਪ ਰਵਾਨਾ ਕੀਤੀ ਗਈ ਏ।

---------------------------------------------------------------

ਭਾਰਤ ਸਰਕਾਰ ਦੇ ਸੂਖਮ, ਲਘੂ ਅਤੇ ਦਰਮਿਆਨੇ ਉਦਮ MSME ਬਾਰੇ ਮੰਤਰਾਲੇ ਤਹਿਤ ਚੱਲ ਰਹੇ ਰਾਸ਼ਟਰੀ ਐੱਸ.ਸੀ.-ਐੱਸ.ਟੀ. ਹੱਬ ਪ੍ਰੋਜੈਕਟ ਤਹਿਤ ਅੱਜ ਪਟਿਆਲਾ ਵਿਖੇ ਐੱਸ.ਸੀ.-ਐੱਸ.ਟੀ. ਉਦਮੀਆਂ ਲਈ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ । MSME ਲੁਧਿਆਣਾ ਦੇ ਜੁਆਇੰਟ ਡਾਇਰੈਕਟਰ ਪੰਕਜ ਕੁਮਾਰ ਝਾਅ , ਨੈਸ਼ਨਲ SC ST hub ਲੁਧਿਆਣਾ ਦੇ ਬ੍ਰਾਂਚ ਹੈਡ ਸੂਰਿਆ ਭੂਸ਼ਣ ਅਤੇ pHD chamber and commerce industry ਦੇ ਸੀਨੀਅਰ ਰੀਜਨਲ ਡਾਇਰੈਕਟਰ ਭਾਰਤੀ ਸੂਦ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਉਦੇਸ਼ ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਕਬਾਇਲੀ ਭਾਈਚਾਰਿਆਂ ਉਦਮੀਆਂ ਦੀ ਸਮਰੱਥਾ ਵਿੱਚ ਵਾਧਾ ਕਰਨਾ, ਉਨ੍ਹਾਂ ਨੂੰ ਸਰਕਾਰੀ ਖਰੀਦ ਪ੍ਰਣਾਲੀ ਨਾਲ ਜੋੜਨਾ ਅਤੇ ਉਦਮਤਾ ਨੂੰ ਉਤਸ਼ਾਹਿਤ ਕਰਨਾ ਏ । ਓਹਨਾ SC ST ਵਰਗ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਮੰਤਰਾਲੇ ਨਾਲ ਜੁੜ ਕੇ ਆਪਣਾ ਖੁਦ ਦਾ ਕੰਮ ਸ਼ੁਰੂ ਕਰ ਸਕਦੇ ਨੇ। ਰਾਸ਼ਟਰੀ ਲਘੁ ਉਦਯੋਗ ਕਾਰਪੋਰੇਸ਼ਨ ਵੱਲੋਂ ਲਾਗੂ ਕੀਤੀ ਜਾ ਰਹੀ ਇਸ ਯੋਜਨਾ ਰਾਹੀਂ ਐੱਸ.ਸੀ.-ਐੱਸ.ਟੀ. ਉਦਯਮੀਆਂ ਨੂੰ ਵੱਖ-ਵੱਖ ਸਰਕਾਰੀ ਮੌਕਿਆਂ ਅਤੇ ਸਹੂਲਤਾਂ ਬਾਰੇ ਜਾਣਕਾਰੀ ਦਿਤੀ ਗਈ। ਪ੍ਰੋਗਰਾਮ ਦੌਰਾਨ ਸੂਬਾ ਸਰਕਾਰਾਂ, ਕੇਂਦਰੀ ਸਰਕਾਰੀ ਉੱਦਮਾਂ , ਬੈਂਕਾਂ,

ਉਦਯੋਗਿਕ ਸੰਸਥਾਵਾਂ ਅਤੇ ਹੋਰ ਹਿੱਸੇਦਾਰਾਂ ਦੇ ਨੁਮਾਇੰਦੇ ਵੀ ਸ਼ਾਮਲ ਹੋਏ।

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਪੜਾ ਸਨਅਤ ਵਿਚ ਨਿਵੇਸ਼ ਲਈ ਪੰਜਾਬ ਨੂੰ ਭਾਰਤ ਦੇ ਸਭ ਤੋਂ ਪਸੰਦੀਦਾ ਸਥਾਨ ਵਜੋਂ ਕਰਾਰ ਦਿੰਦਿਆਂ ਕਿਹਾ ਕਿ ਸੂਬੇ ਵਿੱਚ ਸਮੁੱਚੀ ਟੈਕਸਟਾਈਲ ਵੈਲਯੂ ਚੇਨ ਸਬੰਧੀ ਅਥਾਹ ਮੌਕੇ ਉਪਲੱਬਧ ਹਨ ਅਤੇ ਇਹ ਉੱਦਮੀਆਂ ਲਈ ਇੱਕ ਪਾਰਦਰਸ਼ੀ, ਉਦਯੋਗ ਪੱਖੀ ਮਾਹੌਲ ਪ੍ਰਦਾਨ ਕਰਦਾ ਏ । ਕਲ ਨਵੀਂ ਦਿੱਲੀ ਵਿਖੇ ਭਾਰਤ ਟੈਕਸ 2026 ਦੌਰਾਨ ਪੰਜਾਬ ਸਟੇਟ ਪੈਵੇਲੀਅਨ ਦਾ ਉਦਘਾਟਨ ਕਰਨ ਮੌਕੇ ਪੰਜਾਬ ਸੈਸ਼ਨ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਿਵੇਸ਼, ਰੋਜ਼ਗਾਰ ਅਤੇ ਬਰਾਮਦ ਨੂੰ ਉਤਸ਼ਾਹ ਦੇਣ ਲਈ ਇੱਕ ਨਵੀਂ ਉਦਯੋਗਿਕ ਅਤੇ ਵਪਾਰਕ ਵਿਕਾਸ ਨੀਤੀ ਪੇਸ਼ ਕੀਤੀ ਗਈ ਏ ਅਤੇ ਸਿੰਗਲ ਵਿੰਡੋ ਤੇ ਸਿੰਗਲ ਪੈਨ ਪ੍ਰਣਾਲੀਆਂ ਰਾਹੀਂ ਸਮਾਂਬੱਧ ਪ੍ਰਵਾਨਗੀਆਂ ਨੂੰ ਯਕੀਨੀ ਬਣਾਇਆ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਪੰਜਾਬ ਨੇ ਪਿਛਲੇ ਚਾਰ ਸਾਲਾਂ ਵਿੱਚ ਦੋ ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕੀਤਾ ਏ ਅਤੇ ਰੋਜ਼ਗਾਰ ਦੇ ਪੰਜ ਲੱਖ ਮੌਕੇ ਪੈਦਾ ਕੀਤੇ ਨੇ । ਸੂਬੇ ਦੇ ਉਤਪਾਦ ਅਮਰੀਕਾ, ਸੰਯੁਕਤ ਅਰਬ ਅਮੀਰਾਤ , ਲੰਡਨ ਅਤੇ ਹੋਰ ਕਈ

ਆਲਮੀ ਬਾਜ਼ਾਰਾਂ ਸਮੇਤ ਦੁਨੀਆ ਭਰ ਦੇ ਗਾਹਕਾਂ ਤੱਕ ਪਹੁੰਚਦੇ ਨੇ । ਉਨ੍ਹਾਂ ਕਿਹਾ ਕਿ ਉਦਯੋਗ ਸਿਰਫ਼ ਉਤਪਾਦਨ ਬਾਰੇ ਨਹੀਂ ਏ ਬਲਕਿ ਇਹ ਲੱਖਾਂ ਪਰਿਵਾਰਾਂ ਨੂੰ ਰੋਜ਼ੀ-ਰੋਟੀ ਪ੍ਰਦਾਨ ਕਰਦਾ ਏ ਜਿਸ ਨਾਲ ਮਹਿਲਾਵਾਂ ਲਈ ਵੀ ਮੌਕੇ ਪੈਦਾ ਹੁੰਦੇ ਨੇ । ਮੁੱਖ ਮੰਤਰੀ ਨੇ ਕਿਹਾ, ''ਐਮ.ਐਸ.ਐਮ.ਈਜ਼ ਨੂੰ ਸਸ਼ਕਤ ਬਣਾਉਣ, ਨਵੀਨਤਾ ਨੂੰ ਉਤਸ਼ਾਹਿਤ ਕਰਨ, ਬਰਾਮਦ ਨੂੰ ਮਜ਼ਬੂਤ ਕਰਨ ਅਤੇ ਸਭ ਤੋਂ ਵੱਧ ਸਮੂਹਿਕ ਆਰਥਿਕ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਲਈ ਇਹ ਸਮੇਂ ਦੀ ਲੋੜ ਏ ।

---

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਸੂਬੇ ਵਿੱਚ ਮਾਨਸੂਨ ਸੀਜ਼ਨ ਨੂੰ ਲੈ ਕੇ ਸਰਕਾਰ ਵੱਲੋਂ ਪੂਰੀਆਂ ਤਿਆਰੀਆਂ ਕੀਤੀਆਂ ਗਈਆਂ ਨੇ ਤਾਂ ਜੋ ਕਿਸੇ ਵੀ ਤਰ੍ਹਾਂ ਦੇ ਹਾਲਾਤ ਨਾਲ ਨਜਿੱਠਿਆ ਜਾ ਸਕੇ। ਮਾਨਸੂਨ ਦੇ ਸੀਜ਼ਨ ਦੌਰਾਨ ਹੜ੍ਹ ਵਰਗੀ ਕਿਸੇ ਵੀ ਸਥਿਤੀ ਤੋਂ ਸੂਬੇ ਦੇ ਲੋਕਾਂ ਦੇ ਬਚਾਅ ਬਾਰੇ ਕੈਬਨਿਟ ਮੰਤਰੀ ਨੇ ਭਰੋਸਾ ਦਿਵਾਇਆ ਕਿ ਸਰਕਾਰ ਨੇ ਸੂਬੇ ਭਰ ਵਿੱਚ ਲੋਕਾਂ ਦੀ ਜਾਨ-ਮਾਲ, ਵਾਹੀਯੋਗ ਜ਼ਮੀਨ ਅਤੇ ਜਨਤਕ ਬੁਨਿਆਦੀ ਢਾਂਚੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇੱਕ ਮਜ਼ਬੂਤ ਨਿਗਰਾਨ ਪ੍ਰਣਾਲੀ ਅਤੇ ਰੱਖਿਆ ਢਾਂਚਾ ਤਿਆਰ ਕੀਤਾ ਏ । ਉਨ੍ਹਾਂ ਨੇ ਬੀਤੇ ਦਿਨੀ ਤਲਵਾੜਾ

ਵਿਖੇ ਪੌਂਗ ਡੈਮ 'ਚ ਪਾਣੀ ਦੇ ਪੱਧਰ ਦਾ ਜਾਇਜ਼ਾ ਲੈਂਦਿਆਂ ਦੱਸਿਆ ਕਿ ਡੈਮ 'ਚ ਪਿਛਲੇ ਸਾਲ ਨਾਲੋਂ ਪਾਣੀ ਦੇ ਪੱਧਰ ਵਿਚ ਗਿਰਾਵਟ ਦਰਜ ਕੀਤੀ ਗਈ ਏ ਅਤੇ ਸੂਬੇ ਵਿਚ ਮਾਨਸੂਨ ਸੀਜ਼ਨ ਨੂੰ ਲੈ ਕੇ ਪ੍ਰਬੰਧ ਪੂਰੀ ਤਰ੍ਹਾਂ ਅਮਲ ਵਿਚ ਲਿਆਂਦੇ ਗਏ ਨੇ। ਉਨ੍ਹਾਂ ਕਿਹਾ ਕਿ ਪੰਜਾਬ ਭਰ ਵਿੱਚ ਹੜ੍ਹ ਸੁਰੱਖਿਆ ਅਤੇ ਡਰੇਨੇਜ ਪ੍ਰਬੰਧਨ ਸਬੰਧੀ ਕੀਤੇ ਜਾ ਰਹੇ ਕਾਰਜਾਂ ਵਿੱਚ ਡਰੇਨਾਂ ਦੀ ਸਫ਼ਾਈ, ਵੱਡੇ ਪੱਥਰਾਂ ਨਾਲ ਅਤੇ ਹਾਈਬ੍ਰਿਡ ਸੁਰੱਖਿਆ ਕਾਰਜ, ਬੰਨ੍ਹਾਂ ਨੂੰ ਉੱਚਾ ਤੇ ਮਜ਼ਬੂਤ ਕਰਨਾ, ਫਲੱਡ ਕੰਟਰੋਲ ਗੇਟਾਂ ਦੀ ਕਾਰਜਸ਼ੀਲਤਾ ਅਤੇ ਸੰਵੇਦਨਸ਼ੀਲ ਥਾਵਾਂ ’ਤੇ ਠੋਸ ਹੜ੍ਹ ਰੋਕੂ ਪ੍ਰਬੰਧ ਸ਼ਾਮਲ ਨੇ । ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹੜ੍ਹਾਂ ਦੀ ਸੰਭਾਵਨਾ ਨੂੰ ਧਿਆਨ ਵਿੱਚ ਰੱਖਦਿਆਂ ਸਾਰੀਆਂ ਸੰਵੇਦਨਸ਼ੀਲ ਥਾਵਾਂ ’ਤੇ ਲਗਾਤਾਰ ਨਿਗਰਾਨੀ ਰੱਖੀ ਜਾਵੇ ਅਤੇ ਦਰਿਆਵਾਂ, ਡਰੇਨਾਂ, ਬੰਨ੍ਹਾਂ ਅਤੇ ਹੜ੍ਹ ਸੁਰੱਖਿਆ ਢਾਂਚੇ ਦੀ ਨਿਰੰਤਰ ਨਿਗਰਾਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਜਿੱਥੇ ਵੀ ਕੋਈ ਕਮੀ ਨਜ਼ਰ ਆਵੇ, ਉੱਥੇ ਤੁਰੰਤ  ਕਦਮ ਚੁੱਕੇ ਜਾਣ ਤਾਂ ਜੋ ਮਾਨਸੂਨ ਦੌਰਾਨ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਫੀਲਡ ਅਧਿਕਾਰੀਆਂ ਨੂੰ ਮਾਨਸੂਨ ਸੀਜ਼ਨ ਦੌਰਾਨ ਚੌਕਸ ਰਹਿਣ ਦਾ ਨਿਰਦੇਸ਼ ਦਿੰਦਿਆਂ ਕੈਬਨਿਟ ਮੰਤਰੀ ਨੇ ਉਨ੍ਹਾਂ ਨੂੰ ਹੜ੍ਹ ਵਾਲੀਆਂ ਸੰਵੇਦਨਸ਼ੀਲ ਥਾਵਾਂ ’ਤੇ 24 ਘੰਟੇ ਚੌਕਸੀ ਰੱਖਣ ਅਤੇ ਕਿਸੇ ਵੀ

ਹੰਗਾਮੀ ਸਥਿਤੀ ਮੌਕੇ ਤੁਰੰਤ ਕਾਰਵਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

---------------------------------------------------------------------

ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਾਸੀਆਂ ਨੂੰ ਅੱਜ ਅਤੇ ਕੱਲ੍ਹ 16 ਜੁਲਾਈ ਨੂੰ ਕਈ ਥਾਵਾਂ 'ਤੇ ਗਰਮੀ  ਅਤੇ ਹੁੰਮਸ ਭਰੇ ਮੌਸਮ ਦਾ ਸਾਹਮਣਾ ਕਰਨਾ ਪੈ ਸਕਦਾ ਏ । ਮੌਸਮ ਵਿਭਾਗ ਨੇ 17 ਅਤੇ 18 ਜੁਲਾਈ ਨੂੰ ਦੂਰ-ਦੁਰਾਡੇ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ, ਜਿਸ ਤੋਂ ਬਾਅਦ 19 ਅਤੇ 20 ਜੁਲਾਈ ਨੂੰ ਗੁਆਂਢੀ ਸੂਬੇ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੋਵਾਂ ਵਿੱਚ ਦੂਰ-ਦੁਰਾਡੇ ਥਾਵਾਂ 'ਤੇ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਗਈ ਏ । ਇਸ ਦੌਰਾਨ, ਪਿਛਲੇ 24 ਘੰਟਿਆਂ ਵਿੱਚ, ਪੰਜਾਬ ਵਿੱਚ ਵੱਧ ਤੋਂ ਵੱਧ ਤਾਪਮਾਨ ਬਠਿੰਡਾ ਵਿਖੇ 39.4 ਡਿਗਰੀ ਸੈਲਸੀਅਸ ,ਹਰਿਆਣਾ ਦੇ ਭਿਵਾਨੀ ਵਿਖੇ 40.5 ਡਿਗਰੀ ਸੈਲਸੀਅਸ ਅਤੇ ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 36.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।